ਜ਼ਿਲ੍ਹੇ ਨੂੰ ਖੁੱਲ੍ਹੇ ਵਿੱਚ ਸ਼ੌਚ ਮੁਕਤ ਕਰਨ ਲਈ 150 ਪਿੰਡਾਂ ਵਿੱਚ 1500 ਪਖਾਨਿਆਂ ਦੀ ਉਸਾਰੀ ਦਾ ਕੰਮ ਸ਼ੁਰੂ : ਡਿਪਟੀ ਕਮਿਸ਼ਨਰ

ਸਵੱਛ ਭਾਰਤ ਮਿਸ਼ਨ ਤਹਿਤ ਪਿੰਡਾਂ ਦੇ ਲੋੜਵੰਦ ਲੋਕਾਂ ਨੂੰ ਬਣਾ ਕੇ ਦਿੱਤੇ ਜਾ ਰਹੇ ਹਨ ਮੁਫ਼ਤ ਪਖਾਨੇ

ਤਰਨਤਾਰਨ, 19 ਸਤੰਬਰ :

ਸਵੱਛ ਭਾਰਤ ਅਭਿਆਨ ਹੇਠ ਜ਼ਿਲ੍ਹੇ ਨੂੰ ਖੁੱਲ੍ਹੇ ਵਿੱਚ ਸ਼ੌਚ ਮੁਕਤ ਕਰਨ ਲਈ ਵਿੱਢੀ ਗਈ ਮੁਹਿੰਮ ਤਹਿਤ ਅੱਜ ਜ਼ਿਲ੍ਹੇ ਦੇ 150 ਪਿੰਡਾਂ ਵਿੱਚ 1500 ਪਖਾਨਿਆਂ ਦੀ ਉਸਾਰੀ ਦੀ ਸ਼ੁਰੂਆਤ ਕੀਤੀ ਗਈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਦੱਸਿਆ ਕਿ ਅੱਜ ਜ਼ਿਲ੍ਹੇ ਦੇ 150 ਪਿੰਡਾਂ ਵਿੱਚੋਂ ਹਰ ਇੱਕ ਪਿੰਡ ਵਿੱਚ 10 ਪਖਾਨੇ ਬਣਾਉਣ ਦੀ ਉਸਾਰੀ ਦਾ ਕੰਮ ਇੱਕੋਂ ਸਮੇਂ ਸ਼ੁਰੂ ਕੀਤਾ ਗਿਆ ਹੈ।



ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਵੱਛ ਭਾਰਤ ਮਿਸ਼ਨ ਤਹਿਤ ਪਿੰਡਾਂ ਦੇ ਲੋੜਵੰਦ ਲੋਕਾਂ ਨੂੰ ਮੁਫ਼ਤ ਪਖਾਨੇ ਬਣਾ ਕੇ ਦਿੱਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਯੋਗ ਲਾਭਪਾਤਰੀ ਵੱਲੋਂ ਪਖਾਨੇ ਦੀ ਉਸਾਰੀ ਆਪ ਹੀ ਕਰਵਾਉਣੀ ਹੁੰਦੀ ਹੈ ਅਤੇ ਪਖਾਨੇ ਦੀ ਉਸਾਰੀ ਲਈ ਸਰਕਾਰ ਵੱਲੋਂ 3 ਕਿਸ਼ਤਾਂ ਵਿੱਚ 15000 ਰੁਪਏ ਦੀ ਰਾਸ਼ੀ ਮੁਹੱਈਆ ਕਰਵਾਈ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਸਵੱਛ ਭਾਰਤ ਮਿਸ਼ਨ ਤਹਿਤ ਜ਼ਿਲ੍ਹੇ ਨੂੰ ਸ਼ੌਚ ਮੁਕਤ ਕਰਨ ਲਈ ਜ਼ਿਲ੍ਹੇ ਦੇ 549 ਪਿੰਡਾਂ ਵਿੱਚ ਲਗਭਗ 41000 ਪਖਾਨੇ ਬਣਾਉਣ ਦਾ ਟੀਚਾ ਮਿੱਥਿਆ ਗਿਆ ਹੈ ਅਤੇ ਲਗਭਗ 190 ਪਿੰਡਾਂ ਵਿੱਚ ਲਾਭਪਾਤਰੀਆਂ ਵੱਲੋਂ 1900 ਦੇ ਕਰੀਬ ਪਖਾਨੇ ਬਣਾਏ ਜਾ ਚੁੱਕੇ ਹਨ ਅਤੇ ਲਗਭਗ 5500 ਪਖਾਨੇ ਬਣਾਉਣ ਦਾ ਕੰਮ ਜਾਰੀ ਹੈ। ਸ੍ਰੀ ਸੱਭਰਵਾਲ ਨੇ ਦੱਸਿਆ ਕਿ ਪਖਾਨੇ ਬਣਾਉਣ ਦੇ ਲਈ ਯੋਗ ਲਾਭਪਾਤਰੀਆਂ ਨੂੰ ਹੁਣ ਤੱਕ ਲਗਭਗ 4 ਕਰੋੜ 66 ਲੱਖ ਰੁਪਏ ਦੀ ਰਾਸ਼ੀ ਆਨਲਾਈਨ ਮੁਹੱਈਆ ਕਰਵਾਈ ਜਾ ਚੁੱਕੀ ਹੈ।

ਇਸ ਮੌਕੇ ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਪੇਂਡੂ ਖੇਤਰ ਨੂੰ ਖੁੱਲ੍ਹੇ ਵਿੱਚ ਸ਼ੌਚ ਜਾਣ ਤੋਂ ਮੁਕਤ ਕਰਨ ਦੇ ਲਈ ਵਿੱਢੀ ਗਈ ਮੁਹਿੰਮ ਤਹਿਤ ਵੱਖ-ਵੱਖ ਬਲਾਕਾਂ ਦੇ ਪਿੰਡਾਂ ਵਿੱਚ ਪਖਾਨੇ ਬਣਾਉਣ ਦਾ ਕੰਮ ਸ਼ੁਰੂ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ 549 ਪਿੰਡਾਂ ’ਚ ਯੋਗ ਲਾਭਪਾਤਰੀਆਂ ਦੇ ਪਖਾਨੇ ਬਣਾਉਣ ਲਈ ਵੈਲੀਡੇਸ਼ਨ ਦਾ ਕੰਮ ਮੁਕੰਮਲ ਹੋ ਚੁੱਕਾ ਹੈ ਅਤੇ ਪੰਚਾਇਤਾਂ ਵੱਲੋਂ ਮਤੇ ਪਾਏ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਕਰਾਸ ਵੈਲੀਡੇਸ਼ਨ ਦਾ ਕੰਮ ਮੁਕੰਮਲ ਹੋ ਚੁੱਕਾ ਹੈ ਅਤੇ ਰਹਿੰਦੇ ਪਿੰਡਾਂ ਵਿੱਚ ਉਸਾਰੀ ਦਾ ਕੰਮ ਜੰਗੀ ਪੱਧਰ ’ਤੇ ਸ਼ੁਰੂ ਕੀਤਾ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਲੋਕਾਂ ਨੂੰ ਖੁੱਲ੍ਹੇ ਵਿੱਚ ਸ਼ੌਚ ਜਾਣ ਨਾਲ ਹੋਣ ਵਾਲੀਆਂ ਬੀਮਾਰੀਆਂ ਅਤੇ ਮਾਰੂ ਪ੍ਰਭਾਵਾਂ ਬਾਰੇ ਜਾਣੂ ਕਰਵਾਉਣ ਲਈ ਵਿਸ਼ੇਸ ਜਾਗਰੂਕਤਾ ਪ੍ਰੋਗਰਾਮ ਚਲਾਏ ਜਾ ਰਹੇ ਹਨ। ਇਸ ਤੋਂ ਇਲਾਵਾ ਜ਼ਿਲ੍ਹੇ ਦੇ ਸਾਰੇ ਪਿੰਡਾਂ ਵਿੱਚ ਨਿਗਰਾਨ ਕਮੇਟੀਆਂ ਵੀ ਬਣਾਈਆਂ ਗਈਆਂ ਹਨ ਜੋ ਕਿ ਸਵੇਰੇ ਜਲਦੀ ਉੱਠ ਕੇ ਇਹ ਦੇਖ ਰਹੀਆਂ ਹਨ ਕਿ ਪਿੰਡ ਵਿੱਚ ਕੋਈ ਖੁੱਲ੍ਹੇ ਵਿੱਚ ਸ਼ੌਚ ਤਾਂ ਨਹੀਂ ਕਰ ਰਿਹਾ, ਜੇਕਰ ਕੋਈ ਵਿਅਕਤੀ ਖੁੱਲ੍ਹੇ ਵਿੱਚ ਸੌਚ ਕਰ ਰਿਹਾ ਹੋਵੇਗਾ ਤਾਂ ਉਸਨੂੰ ਇਸ ਸਬੰਧੀ ਹੋਣ ਵਾਲੇ ਨੁਕਸਾਨ ਤੋਂ ਜਾਣੂ ਕਰਵਾਕੇ ਜਲਦ ਹੀ ਪਖਾਨੇ ਬਣਾਉਣ ਲਈ ਪ੍ਰੇਰਿਆ ਜਾ ਰਿਹਾ ਹੈ।

---------------

--